| ਇਸ਼ਤਿਹਾਰ ਨੰ. 10 ਆਫ 2024 |
|---|

**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**
**ਵਣ ਭਵਨ, ਸੈਕਟਰ-68, ਐਸ.ਏ.ਐਸ. ਨਗਰ**

https://sssb.punjab.gov.in

## ਜਨਤਕ ਨਿਯੁਕਤੀਆਂ

**ਮਹੱਤਵਪੂਰਨ ਮਿਤੀਆਂ:-**

| | | |
|---|---|---|
| **ਇਸ਼ਤਿਹਾਰ ਪ੍ਰਕਾਸ਼ਿਤ ਹੋਣ ਦੀ ਮਿਤੀ** | : | 23.08.2024 |
| **ਆਨਲਾਈਨ ਅਰਜੀਆਂ ਸਬਮਿਟ/ਅਪਲਾਈ ਕਰਨ ਦੀ ਸ਼ੁਰੂਆਤੀ ਮਿਤੀ** | : | 26.08.2024 |
| **ਆਨਲਾਈਨ ਅਰਜੀਆਂ ਸਬਮਿਟ/ਅਪਲਾਈ ਕਰਨ ਦੀ ਆਖਰੀ ਮਿਤੀ** | : | 24.09.2024 (05-00 pm ਤੱਕ) |
| **ਫੀਸ ਭਰਨ ਦੀ ਆਖਰੀ ਮਿਤੀ** | : | 27.09.2024 |

## ਜਾਣ-ਪਹਿਚਾਣ

1. ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਸਥਾਪਨਾ ਭਾਰਤੀ ਸੰਵਿਧਾਨ ਦੀ ਧਾਰਾ 309 ਤਹਿਤ ਕੀਤੀ ਗਈ ਹੈ, ਜਿਸਦਾ ਮੁੱਖ ਮੰਤਵ ਪੰਜਾਬ ਸਰਕਾਰ ਦੇ ਅਦਾਰਿਆਂ ਵੱਲੋਂ ਪ੍ਰਾਪਤ ਹੋਏ ਮੰਗ ਪੱਤਰਾਂ ਅਨੁਸਾਰ ਪੰਜਾਬ ਸਰਕਾਰ ਦੇ ਅਦਾਰਿਆਂ ਵਿੱਚ ਗਰੁੱਪ-ਬੀ, ਗਰੁੱਪ-ਸੀ ਅਤੇ ਗਰੁੱਪ-ਡੀ ਸੇਵਾਵਾਂ ਦੇ ਅਮਲੇ ਦੀ ਭਰਤੀ ਕਰਨਾ ਹੈ।

## ਵਿਸਤਾਰਪੂਰਵਕ ਸੂਚਨਾ

2. ਪੰਜਾਬ ਸਰਕਾਰ, ਆਮ ਰਾਜ ਪ੍ਰਬੰਧ ਵਿਭਾਗ, ਪੰਜਾਬ ਸਿਵਲ ਸਕੱਤਰੇਤ ਤੋਂ ਪ੍ਰਾਪਤ ਗਰੁੱਪ-ਡੀ ਦੀਆਂ ਅਸਾਮੀਆਂ ਦੇ ਮੰਗ ਪੱਤਰ ਅਤੇ ਅਸਾਮੀਆਂ ਦੇ ਵਰਗੀਕਰਨ ਅਨੁਸਾਰ ਵੱਖੋ-ਵੱਖੋਰੀਆਂ ਅਸਾਮੀਆਂ ਦੀ ਭਰਤੀ ਲਈ ਬੋਰਡ ਦੀ ਵੈਬਸਾਈਟ ***https://sssb.punjab.gov.in*** ਤੇ ਯੋਗ ਉਮੀਦਵਾਰਾਂ ਤੋਂ ਮਿਤੀ 26.08.2024 **ਤੋਂ** 24.09.2024 **ਸ਼ਾਮ** 05-00 **ਵਜੇ** ਤੱਕ ਆਨਲਾਈਨ ਅਰਜੀਆਂ ਦੀ ਮੰਗ ਕੀਤੀ ਜਾਂਦੀ ਹੈ।

3. **ਅਸਾਮੀਆਂ ਦਾ ਸ਼੍ਰੇਣੀ ਵਾਈਜ ਵਰਗੀਕਰਨ ਹੇਠ ਲਿਖੇ ਅਨੁਸਾਰ ਹੈ:-**

3.1 **ਅਸਾਮੀ ਦਾ ਨਾਮ:- ਸੇਵਾਦਾਰ**

| ਲੜੀ ਨੰ: | ਸ਼੍ਰੇਣੀ ਦਾ ਨਾਮ | ਅਸਾਮੀਆਂ ਦੀ ਗਿਣਤੀ | ਕਾਲਮ (c) ਵਿੱਚ ਦਰਸਾਈਆਂ ਅਸਾਮੀਆਂ ਵਿੱਚੋ ਇਸਤਰੀਆਂ ਲਈ ਰਾਖਵੀਆਂ ਅਸਾਮੀਆਂ ਦੀ ਗਿਣਤੀ |
|---|---|---|---|
| (a) | (b) | (c) | (d) |
| 1. | GENERAL | 53 | 15 |
| 2. | EWS | 13 | 03 |
| 3. | S.C (M &B) | 13 | 05 |
| 4. | S.C. (R & O) | 13 | 05 |
| 4 | BC | 13 | 05 |
| 5. | ESM(General) | 13<br>(04 Backlog) | 05 |
| 6 | ESM (S.C (M&B)) | 04<br>(01 Backlog) | 00 |
| | ESM (S.C. (R&O)) | 03 | 00 |
| 7 | ESM (BC) | 04<br>(01 Backlog) | 00 |
| 8 | SPORT (General) | 03<br>(01 Backlog) | 01 |
| 9 | SPORT (SC(M & B)) | 01 | 00 |
| 10 | SPORTS (SC (R&O)) | 01<br>(01 Backlog) | 00 |

